**ਪ੍ਰਭਾਤੀ ਮਹਲਾ ੧ ॥ ਅੰਮ੍ਰਿਤੁ ਨੀਰੁ ਗਿਆਨਿ ਮਨ ਮਜਨੁ ਅਠਸਠਿ ਤੀਰਥ ਸੰਗਿ ਗਹੇ ॥ ਗੁਰ ਉਪਦੇਸਿ ਜਵਾਹਰ ਮਾਣਕ ਸੇਵੇ ਸਿਖੁ ਸੁੋ ਖੋਜਿ ਲਹੈ ॥੧॥ ਗੁਰ ਸਮਾਨਿ ਤੀਰਥੁ ਨਹੀ ਕੋਇ ॥ ਸਰੁ ਸੰਤੋਖੁ ਤਾਸੁ ਗੁਰੁ ਹੋਇ ॥੧॥ ਰਹਾਉ ॥ ਗੁਰੁ ਦਰੀਆਉ ਸਦਾ ਜਲੁ ਨਿਰਮਲੁ ਮਿਲਿਆ ਦੁਰਮਤਿ ਮੈਲੁ ਹਰੈ ॥ ਸਤਿਗੁਰਿ ਪਾਇਐ ਪੂਰਾ ਨਾਵਣੁ ਪਸੂ ਪਰੇਤਹੁ ਦੇਵ ਕਰੈ ॥੨॥ ਰਤਾ ਸਚਿ ਨਾਮਿ ਤਲ ਹੀਅਲੁ ਸੋ ਗੁਰੁ ਪਰਮਲੁ ਕਹੀਐ ॥ ਜਾ ਕੀ ਵਾਸੁ ਬਨਾਸਪਤਿ ਸਉਰੈ ਤਾਸੁ ਚਰਣ ਲਿਵ ਰਹੀਐ ॥੩॥ ਗੁਰਮੁਖਿ ਜੀਅ ਪ੍ਰਾਨ ਉਪਜਹਿ ਗੁਰਮੁਖਿ ਸਿਵ ਘਰਿ ਜਾਈਐ ॥ ਗੁਰਮੁਖਿ ਨਾਨਕ ਸਚਿ ਸਮਾਈਐ ਗੁਰਮੁਖਿ ਨਿਜ ਪਦੁ ਪਾਈਐ ॥੪॥੬॥** {ਪੰਨਾ 1328-1329}

ਪਦ ਅਰਥ:- ਅੰਮ੍ਰਿਤੁ—ਅਟਲ ਆਤਮਕ ਜੀਵਨ ਦੇਣ ਵਾਲਾ ਨਾਮ-ਰਸ। ਨੀਰੁ—ਪਾਣੀ। ਗਿਆਨਿ—ਗਿਆਨ ਵਿਚ, ਗੁਰੂ ਤੋਂ ਮਿਲੇ ਆਤਮਕ ਚਾਨਣ ਵਿਚ। ਮਜਨੁ—ਚੁੱਭੀ, ਇਸ਼ਨਾਨ। ਅਠਸਠਿ—ਅਠਾਹਠ। ਸੰਗਿ—ਨਾਲ ਹੀ, ਗੁਰੂ-ਤੀਰਥ ਦੇ ਨਾਲ ਹੀ। ਗਹੇ—ਮਿਲ ਜਾਂਦੇ ਹਨ। ਉਪਦੇਸਿ—ਉਪਦੇਸ ਵਿਚ। ਸੁੋ—ਉਹ (ਸਿੱਖ) (ਨੋਟ:- ਅਸਲ ਲਫ਼ਜ਼ ਹੈ 'ਸੋ', ਪਰ ਇਥੇ ਪੜ੍ਹਨਾ ਹੈ 'ਸੁ')। ਲਹੈ—ਲੱਭ ਲੈਂਦਾ ਹੈ। ਖੋਜਿ—ਖੋਜ ਕੇ।2।

ਸਮਾਨਿ—ਵਰਗਾ, ਬਰਾਬਰ ਦਾ। ਸਰੁ—ਤਾਲਾਬ। ਤਾਸੁ—ਉਹੀ।1। ਰਹਾਉ।

ਨਿਰਮਲੁ—ਮਲ-ਰਹਿਤ, ਸਾਫ਼। ਦੁਰਮਤਿ—ਭੈੜੀ ਅਕਲ। ਹਰੈ—ਦੂਰ ਕਰਦਾ ਹੈ। ਸਤਿਗੁਰਿ ਪਾਇਐ—ਜੇ ਸਤਿਗੁਰੂ ਮਿਲ ਪਏ। ਨਾਵਣੁ—ਇਸ਼ਨਾਨ। ਪਰੇਤਹੁ—ਪਰੇਤਾਂ ਤੋਂ। ਕਰੈ—ਬਣਾ ਦੇਂਦਾ ਹੈ।2।

ਰਤਾ—ਰੱਤਾ, ਰੰਗਿਆ ਹੋਇਆ। ਸਚਿ—ਸਦਾ-ਥਿਰ ਪ੍ਰਭੂ ਵਿਚ। ਨਾਮਿ—ਨਾਮ ਵਿਚ। ਤਲ—ਉਪਰਲਾ ਪਾਸਾ, (ਭਾਵ, ਗਿਆਨ-ਇੰਦ੍ਰੇ)। ਹੀਅਲੁ—ਹੀਅਰਾ, ਹਿਰਦਾ। ਪਰਮਲੁ—ਸੁਗੰਧੀ, ਚੰਦਨ। ਜਾ ਕੀ—ਜਿਸ ਦੀ। ਵਾਸੁ—ਸੁਗੰਧੀ (ਨਾਲ)। ਸਉਰੈ—ਸੰਵਰ ਜਾਂਦੀ ਹੈ, ਸੁਗੰਧਿਤ ਹੋ ਜਾਂਦੀ ਹੈ। ਤਾਸੁ ਚਰਣ—ਉਸ ਦੇ ਚਰਨਾਂ ਵਿਚ। ਰਹੀਐ—ਟਿਕੀ ਰਹਿਣੀ ਚਾਹੀਦੀ ਹੈ।3।

ਜੀਅ ਪ੍ਰਾਣ—ਜੀਵਾਂ ਦੇ ਪ੍ਰਾਣ, ਜੀਵਾਂ ਦੇ ਆਤਮਕ ਜੀਵਨ। ਉਪਜਹਿ—ਪੈਦਾ ਹੋ ਜਾਂਦੇ ਹਨ। ਸਿਵ ਘਰਿ—ਸ਼ਿਵ ਦੇ ਘਰ ਵਿਚ, ਉਸੇ ਦੇ ਘਰ ਵਿਚ ਜੋ ਸਦਾ ਕਲਿਆਣ-ਰੂਪ ਹੈ। ਨਿਜ—ਆਪਣਾ। ਪਦੁ—ਆਤਮਕ ਜੀਵਨ ਵਾਲਾ ਦਰਜਾ। ਨਿਜ ਪਦੁ—ਉਹ ਆਤਮਕ ਦਰਜਾ ਜੋ ਸਦਾ ਆਪਣਾ ਬਣਿਆ ਰਹਿੰਦਾ ਹੈ।4।

ਅਰਥ:- ਗੁਰੂ ਦੇ ਬਰਾਬਰ ਦਾ ਹੋਰ ਕੋਈ ਤੀਰਥ ਨਹੀਂ ਹੈ। ਉਹ ਗੁਰੂ ਹੀ ਸੰਤੋਖ-ਰੂਪ ਸਰੋਵਰ ਹੈ।1। ਰਹਾਉ।

(ਗੁਰੂ ਤੋਂ ਮਿਲਣ ਵਾਲਾ) ਪ੍ਰਭੂ-ਨਾਮ (ਗੁਰੂ-ਤੀਰਥ ਦਾ) ਜਲ ਹੈ, ਗੁਰੂ ਤੋਂ ਮਿਲੇ ਆਤਮਕ ਚਾਨਣ ਵਿਚ ਮਨ ਦੀ ਚੁੱਭੀ (ਉਸ ਗੁਰ-ਤੀਰਥ ਦਾ) ਇਸ਼ਨਾਨ ਹੈ, (ਗੁਰੂ-ਤੀਰਥ ਦੇ) ਨਾਲ ਹੀ ਅਠਾਹਠ ਤੀਰਥ (ਦੇ ਇਸ਼ਨਾਨ) ਮਿਲ ਜਾਂਦੇ ਹਨ। ਗੁਰੂ ਦੇ ਉਪਦੇਸ਼ (-ਰੂਪ ਡੂੰਘੇ ਪਾਣੀਆਂ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ) ਮੋਤੀ ਤੇ ਜਵਾਹਰ ਹਨ। ਜੇਹੜਾ ਸਿੱਖ (ਗੁਰੂ-ਤੀਰਥ ਨੂੰ) ਸੇਂਵਦਾ ਹੈ (ਸਰਧਾ ਨਾਲ ਆਉਂਦਾ ਹੈ) ਉਹ ਭਾਲ ਕਰ ਕੇ ਲੱਭ ਲੈਂਦਾ ਹੈ।1।

ਗੁਰੂ ਇਕ (ਐਸਾ) ਦਰਿਆ ਹੈ ਜਿਸ ਪਾਸੋਂ ਮਿਲਦਾ ਨਾਮ-ਅੰਮ੍ਰਿਤ ਉਸ ਦਰਿਆ ਵਿਚ (ਐਸਾ) ਜਲ ਹੈ ਜੋ ਸਦਾ ਹੀ ਸਾਫ਼ ਰਹਿੰਦਾ ਹੈ, ਜਿਸ ਮਨੁੱਖ ਨੂੰ ਉਹ ਜਲ ਮਿਲਦਾ ਹੈ ਉਸ ਦੀ ਖੋਟੀ ਮਤਿ ਦੀ ਮੈਲ ਦੂਰ ਕਰ ਦੇਂਦਾ ਹੈ। ਜੇ ਗੁਰੂ ਮਿਲ ਪਏ ਤਾਂ (ਉਸ ਗੁਰੂ-ਦਰਿਆ ਵਿਚ ਕੀਤਾ ਇਸ਼ਨਾਨ) ਸਫਲ ਇਸ਼ਨਾਨ ਹੁੰਦਾ ਹੈ, ਗੁਰੂ ਪਸ਼ੂਆਂ ਤੋਂ ਪਰੇਤਾਂ ਤੋਂ ਦੇਵਤੇ ਬਣਾ ਦੇਂਦਾ ਹੈ।2।

ਜਿਸ ਗੁਰੂ ਦੇ ਗਿਆਨ-ਇੰਦ੍ਰੇ ਜਿਸ ਗੁਰੂ ਦਾ ਹਿਰਦਾ (ਸਦਾ) ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਸ ਗੁਰੂ ਨੂੰ ਚੰਦਨ ਆਖਣਾ ਚਾਹੀਦਾ ਹੈ, ਚੰਦਨ ਦੀ ਸੁਗੰਧੀ (ਨੇੜੇ ਉੱਗੀ) ਬਨਸਪਤੀ ਨੂੰ ਸੁਗੰਧਿਤ ਕਰ ਦੇਂਦੀ ਹੈ

(ਗੁਰੂ ਦਾ ਉਪਦੇਸ਼ ਸਰਨ ਆਏ ਬੰਦਿਆਂ ਦੇ ਜੀਵਨ ਸੰਵਾਰ ਦੇਂਦਾ ਹੈ), ਉਸ ਗੁਰੂ ਦੇ ਚਰਨਾਂ ਵਿਚ ਸੁਰਤਿ ਜੋੜ ਰੱਖਣੀ ਚਾਹੀਦੀ ਹੈ।੩।

ਗੁਰੂ ਦੀ ਸਰਨ ਪਿਆਂ ਜੀਵਾਂ ਦੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦੇ ਹਨ, ਗੁਰੂ ਦੀ ਰਾਹੀਂ ਉਸ ਪ੍ਰਭੂ ਦੇ ਦਰ ਤੇ ਪਹੁੰਚ ਜਾਈਦਾ ਹੈ ਜੋ ਸਦਾ ਆਨੰਦ-ਸਰੂਪ ਹੈ। ਹੇ ਨਾਨਕ! ਗੁਰੂ ਦੀ ਸਰਨ ਪਿਆਂ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਈਦਾ ਹੈ, ਗੁਰੂ ਦੀ ਰਾਹੀਂ ਉੱਚਾ ਆਤਮਕ ਦਰਜਾ ਮਿਲ ਜਾਂਦਾ ਹੈ ਜੋ ਸਦਾ ਹੀ ਆਪਣਾ ਬਣਿਆ ਰਹਿੰਦਾ ਹੈ (ਅਟੱਲ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ)।4।6।